**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 30-07-2024**

ਚੁਗਿਰਦਾ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਕੇਂਦਰੀ ਮੰਤਰੀ ਭੂਪੇਂਦਰ ਯਾਦਵ ਨੇ ਉਤਪਾਦਾਂ ਤੇ ਸੇਵਾਵਾਂ ਨਾਲ ਸਬੰਧਤ ਵਿਚਾਰਾਂ ਅਤੇ ਨਵੀਆਂ ਕਾਢਾਂ ਨੂੰ ਸੱਦਾ ਦੇਣ ਲਈ ਆਈ ਆਈ ਟੀ ਦਿੱਲੀ ਵਿਖੇ IDEAS FOR LIFE ਦੀ ਸ਼ੁਰੂਆਤ ਕੀਤੀ । ਉਨ੍ਹਾਂ ਵਿਦਿਆਰਥੀਆਂ, ਖੋਜਕਰਤਾਵਾਂ, ਅਧਿਆਪਕਾਂ ਅਤੇ ਕਾਢਕਾਰਾਂ ਨੂੰ ਨਵੇਂ ਤੇ ਵਿਲਖਣ ਵਿਚਾਰਾਂ ਨਾਲ ਆਉਣ ਦਾ ਸੱਦਾ ਦਿੱਤਾ ਜਿਹੜੇ ਸਰੋਤਾਂ ਦੀ ਸੋਚ-ਸਮਝ ਕੇ ਵਰਤੋਂ ਲਈ ਪ੍ਰਧਾਨ ਮੰਤਰੀ ਦੇ ਵਿਜ਼ਨ ਨੂੰ ਪੂਰਾ ਕਰਨ ਲਈ ਕੰਮ ਕਰਨਗੇ । ਲੋਕ ਆਪਣੇ ਵਿਚਾਰ Ideas 4 Life.nic.in 'ਤੇ ਭੇਜ ਸਕਦੇ ਨੇ ।

---------------------------------------------------------------

ਬਠਿੰਡਾ ਦੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ

ਸੇਵਾਵਾਂ ਅਥਾਰਟੀ, ਸੁਮੀਤ ਮਲਹੋਤਰਾ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਚਿਹਰੀਆਂ ਵਿਖੇ, ਸਮੂਹ ਜੱਜ ਸਾਹਿਬਾਨਾਂ ਨੇ ਵਿਕਾਸ ਮੰਚ, ਬਠਿੰਡਾ ਅਤੇ ਲਿਓਜ਼ ਗਰੀਨ ਸਿਟੀ ਦੇ ਸਹਿਯੋਗ ਨਾਲ ਚੁਗਿਰਦੇ ਨੂੰ ਸ਼ੁੱਧ ਰੱਖਣ ਤੇ ਉਸ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਕਲ ਵੱਖ ਵੱਖ ਕਿਸਮ ਦੇ ਬੂਟੇ ਲਾਏ । ਇਸ ਮੌਕੇ ਸੁਮੀਤ ਮਲਹੋਤਰਾ ਨੇ ਕਿਹਾ ਕਿ ਜ਼ਿਲ੍ਹਾ ਕਚਿਹਰੀਆਂ ਬਠਿੰਡਾ ਤੋਂ ਇਲਾਵਾ ਸਬ ਡਵੀਜ਼ਨ ਫੂਲ ਅਤੇ ਤਲਵੰਡੀ ਸਾਬੋ ਵਿਖੇ ਵੀ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਗਈ। ਉਨਾਂ ਹਰੇਕ ਸ਼ਹਿਰ ਵਾਸੀ ਨੂੰ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਉਣ ਅਤੇ ਸੰਭਾਲਣ ਦੀ ਵੀ ਅਪੀਲ ਕੀਤੀ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਰਮ ਸ਼ਰਧਾਲੂ ਰਾਏ ਬੁਲਾਰ ਜੀ ਦੇ ਪਾਕਿਸਤਾਨ ਵਿੱਚ ਰਹਿੰਦੇ ਚਾਰ ਵੰਸ਼ਜ ਪਰਿਵਾਰਾਂ ਨੂੰ ਗੁਰੂ ਸਾਹਿਬ ਜੀ ਦੇ ਨਵੰਬਰ ਮਹੀਨੇ ਵਿੱਚ ਆ ਰਹੇ ਪ੍ਰਕਾਸ਼ ਗੁਰਪੁਰਬ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ ਲਈ ਭਾਰਤ ਆਉਣ ਦਾ ਸੱਦਾ ਭੇਜਿਆ ਏ। ਰਾਏ ਬੁਲਾਰ ਜੀ ਦੇ ਵੰਸ਼ਜ ਰਾਏ

ਮੁਹੰਮਦ ਸਲੀਮ ਭੱਟੀ ਸਮੇਤ ਚਾਰ ਪਰਿਵਾਰਾਂ ਨੂੰ ਭੇਜੇ ਗਏ ਸੱਦਾ ਪੱਤਰ ਵਿੱਚ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਇਸ ਸਾਲ 15 ਨਵੰਬਰ ਨੂੰ ਅੰਮ੍ਰਿਤਸਰ, ਸੁਲਤਾਨਪੁਰ ਲੋਧੀ, ਡੇਰਾ ਬਾਬਾ ਨਾਨਕ, ਬਟਾਲਾ, ਦਿੱਲੀ, ਅਤੇ ਨਾਨਕਮੱਤਾ (ਉਤਰਾਖੰਡ) ਵਿਖੇ ਸਥਿਤ ਕਈ ਗੁਰਧਾਮਾਂ ਉੱਤੇ ਮਨਾਇਆ ਜਾ ਰਿਹਾ ਏ, ਇਸ ਲਈ ਰਾਏ ਬੁਲਾਰ ਜੀ ਦੇ ਵੰਸ਼ਜ ਪਰਿਵਾਰ ਪਹਿਲੀ ਤੋਂ 30 ਨਵੰਬਰ ਦੇ ਵਿਚਕਾਰ ਭਾਰਤ ਆ ਕੇ ਗੁਰੂ ਸਾਹਿਬ ਦੇ ਪ੍ਰਕਾਸ਼ ਗੁਰਪੁਰਬ ਦੇ ਸਮਾਗਮਾਂ ਵਿੱਚ ਸ਼ਮੂਲੀਅਤ ਕਰਨ। ਕਮੇਟੀ ਨੇ ਇਨ੍ਹਾਂ ਪਰਿਵਾਰਾਂ ਦੇ ਭਾਰਤ ਪਹੁੰਚਣ ਉੱਤੇ ਉਨ੍ਹਾਂ ਦੀ ਰਿਹਾਇਸ਼ ਅਤੇ ਯਾਤਰਾ ਦੇ ਸਾਰੇ ਖਰਚੇ ਦਾ ਪ੍ਰਬੰਧ ਕਰਨ ਦੀ ਵੀ ਗੱਲ ਆਖੀ ਏ।

---------------------------------------------------------------

ਪੈਰਿਸ ਓਲੰਪਿਕ ਵਿਚ ਜਲ ਖੇਡਾਂ ਵਿਚ ਭਾਰਤ ਦੇ ਖਿਡਾਰੀਆਂ ਤੋਂ ਆਮ ਲੋਕਾਂ ਨੂੰ ਕਾਫੀ ਉਮੀਦਾਂ ਨੇ ਮੋਗਾ ਵਿਚ ਕੌਮੀ ਪੱਧਰ ਦੀ ਖਿਡਾਰਨ ਤੇ ਕੋਚ ਉਕਰਦੀਪ ਕੌਰ ਨੇ ਕਿਹਾ ਕਿ ਸਾਰੇ ਹੀ ਖਿਡਾਰੀਆਂ ਤੋਂ ਉਮੀਦ ਏ ਕਿ ਓਹ ਬਿਹਤਰੀਨ ਕਾਰਗੁਜ਼ਾਰੀ ਦਿਖਾਉਂਦਿਆਂ ਤਮਗੇ ਜਿੱਤਣਗੇ .

**BYTE**

ਪੈਰਿਸ ਓਲੰਪਿਕ ਵਿਖੇ ਸ਼ੋਟ ਪੁੱਟ ਖੇਡ ਵਿਚ ਭਾਰਤ ਦੀ ਨੁਮਾਇੰਦਗੀ ਕਰ ਰਹੇ ਤੇਜਿੰਦਰਪਾਲ ਸਿੰਘ ਤੂਰ ਦੇ ਅਧਿਆਪਕ ਰਹੇ ਲੈਕਚਰਾਰ ਗੁਰਸ਼ਰਨ ਕੋਰ ਨੇ ਯਾਦਾਂ ਤਾਜ਼ੀਆਂ ਕਰਦਿਆਂ ਤੇਜਿੰਦਰ ਤੂਰ ਦੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ

**Byte**

---------------------------------------------------------

ਨਵੋਦਿਆ ਵਿਦਿਆਲਿਆ ਸਮਿਤੀ, ਚੰਡੀਗੜ੍ਹ ਰੀਜਨ ਦੀ ਰਹਿਨੁਮਾਈ ਹੇਠ, ਪੰਜਾਬ, ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੇ ਜਵਾਹਰ ਨਵੋਦਿਆ ਵਿਦਿਆਲਿਆਂ ਦੇ ਖਿਡਾਰੀਆਂ ਦੀ, 32ਵੀਂ ਖੇਤਰੀ ਨਵੋਦਿਆ ਵਿਦਿਆਲਿਆ ਸਮਿਤੀ ਐਥਲੈਟਿਕਸ ਮੀਟ ਪੀ. ਐਮ ਸ੍ਰੀ ਸਕੂਲ ਜਵਾਹਰ ਨਵੋਦਿਆ ਵਿਦਿਆਲਿਆ ਫਲਾਹੀ ਹੁਸ਼ਿਆਰਪੁਰ ਵਿਖੇ ਕਲ ਸ਼ੁਰੂ ਹੋਈ। ਇਸ ਦਾ ਉਦਘਾਟਨ ਮੁੱਖ ਮਹਿਮਾਨ ਖੇਤਰੀ ਨਵੋਦਿਆ ਵਿਦਿਆਲਿਆ ਫਲਾਹੀ ਦੇ ਪ੍ਰਿੰਸੀਪਲ ਮ੍ਰਿਦੁਲਾ ਸ਼ਰਮਾ ਨੇ ਕੀਤਾ। ਪ੍ਰਿੰਸੀਪਲ ਰੰਜੂ ਦੁੱਗਲ ਨੇ ਆਏ ਹੋਏ ਖਿਡਾਰੀਆਂ ਅਤੇ ਮਹਿਮਾਨਾਂ ਨੂੰ

ਸਕੂਲ ਦੀਆਂ ਪ੍ਰਾਪਤੀਆਂ ਦੀ ਰਿਪੋਰਟ ਪੇਸ਼ ਕੀਤੀ ਅਤੇ ਇਸ ਮੀਟ ਨੂੰ ਕਾਮਯਾਬ ਬਣਾਉਣ ਲਈ ਸਾਰੇ ਖਿਡਾਰੀਆਂ ਨੂੰ ਖੇਡ ਦੀ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ।